'ਕਿਸਾਨਾਂ ਦੇ ਇਕੱਠ ਤੇ ਪ੍ਰਦਰਸ਼ਨ ਰੋਕਣਾ ਲੋਕਤੰਤਰ ਦਾ ਘਾਣ'

ਸੁਜਾਨਪੁਰ (ਇਲੈਕਸ ਜ਼ਫ਼ਰ)- ਹਰਿਆਣਾ ਦੇ ਜ਼ਿਲ੍ਹਾ ਕੁਰੂਕਸ਼ੇਤਰ ਦੇ ਮਸ਼ਹਾ ਪਿੰਡਲੀ ਵਿਚ 10 ਸਤੰਬਰ ਨੂੰ ਕਿਸਾਨਾਂ ਦੇ ਵਿਸ਼ਾਲ ਇਕੱਠ ਅਤੇ ਰੋਸ ਪ੍ਰਦਰਸ਼ਨ ਨੂੰ ਰੋਕਣ ਲਈ ਹਰਿਆਣਾ ਦੀ ਭਾਜਪਾ ਦੀ ਮਨੋਹਰ ਲਾਲ ਖੱਟਰ ਸਰਕਾਰ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੂੰ ਪਹਿਲਾਂ ਹੀ ਨਜ਼ਰਬੰਦ ਕੀਤਾ ਜਾਣਾ ਲੋਕਤੰਤਰ ਦਾ ਘਾਣ ਹੈ। ਇਹ ਵਿਚਾਰ ਅੱਜ ਇਥੇ ਪ੍ਰੈਸ ਕਲੱਬ ਸੁਜਾਨਪੁਰ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਸਾਨ ਸਭਾ ਪੰਜਾਬ ਦੇ ਸੂਬਾ ਵਿੱਤ ਸਕੱਤਰ ਕੁਲਵੰਤ ਸਿੰਘ ਸੰਧੂ, ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਪਲੋਵਾਲ, ਜ਼ਿਲ੍ਹਾ ਸਕੱਤਰ ਹਰਦੀਪ ਸਿੰਘ ਮੰਡੇਰ, ਅਸ਼ੋਕ ਕੁਮਾਰ, ਬਲਵੰਤ ਸਿੰਘ ਖੱਟੜਾ, ਮਾਸਟਰ ਪਰੇਮ ਸਾਗਰ, ਸੁਖਦੇਵ ਸਿੰਘ ਧਲੇਰੀਆ, ਬਲਜੀਤ ਸਿੰਘ ਬੱਤੀਆਂ, ਅਮਰੀਕ ਕੁਮਾਰ ਰੰਧਾਵਾ ਸਾਹਣੀ, ਨੈਬ ਸਾਲ ਮੀਤਪ੍ਰਧਾਨ ਨੇ ਸਾਂਝੇ ਪ੍ਰੈਸ ਬਿਆਨ ਵਿਚ ਹਰਿਆਣਾ ਦੀ ਮਨੋਹਰ ਲਾਲ ਖੱਟਰ ਸਰਕਾਰ ਦੀ ਸਿੰਘੂ ਕਰਨਾਲ ਅਤੇ ਕੈਥਲ ਵਿਚ ਕਿਸਾਨਾਂ ਦੇ ਜਥੇਬੰਦਕ ਇਕੱਠਾਂ ਨੂੰ ਰੋਕਣ ਦੀ ਕਾਰਵਾਈ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਕਿਸਾਨ ਵਿਰੋਧੀ ਤਿੰਨੇਂ ਕਾਲੇ ਕਾਨੂੰਨ ਰੱਦ ਕਰਵਾਉਣ ਲਈ ਕਿਸਾਨ ਸੰਘਰਸ਼ ਦੇ ਰਾਹ 'ਤੇ ਹਨ ਅਤੇ ਇਹ ਸੰਘਰਸ਼ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਤਿੰਨੇਂ ਕਾਲੇ ਕਾਨੂੰਨ ਰੱਦ ਨਹੀਂ ਕਰਵਾ ਲਏ ਜਾਂਦੇ। ਉਨ੍ਹਾਂ ਕਿਹਾ ਕਿ ਕਿਸਾਨ ਸੰਘਰਸ਼ ਨੂੰ ਕਮਜ਼ੋਰ ਕਰਨ ਲਈ ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਕਿਸਾਨ ਆਗੂਆਂ ਨੂੰ ਝੂਠੇ ਕੇਸਾਂ ਵਿਚ ਫਸਾਉਣ ਦੀ ਕੋਝੀ ਚਾਲ ਚੱਲੀ ਜਾ ਰਹੀ ਹੈ ਪਰ